# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-03-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਜੰਗਲੀ ਜੀਵ ਸੰਭਾਲ ਦਿਵਸ 'ਤੇ ਗੁਜਰਾਤ ਦੇ ਜੂਨਾਗੜ੍ਹ ਜ਼ਿਲ੍ਹੇ ਦੇ ਸਾਸਨ ਗਿਰ ਵਿਖੇ ਰਾਸ਼ਟਰੀ ਜੰਗਲੀ ਜੀਵ ਬੋਰਡ ਦੀ 7ਵੀਂ ਮੀਟਿੰਗ ਦੀ ਪ੍ਰਧਾਨਗੀ ਕੀਤੀ।
- ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ - ਸਰਕਾਰ ਨੇ, ਦੇਸ਼ ਵਿੱਚ ਔਰਤਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਕਾਇਮ ਰੱਖਣ ਲਈ, ਭਾਰਤੀ ਕਾਨੂੰਨਾਂ ਵਿੱਚ ਸੋਧ ਕੀਤੀ ਏ।
- ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਨੇ ਦੋਰਾਹਾ-ਸਾਹਨੇਵਾਲ ਮੇਨ ਲਾਈਨ ਰੇਲਵੇ ਓਵਰ-ਬ੍ਰਿਜ ਦੀ ਉਸਾਰੀ ਵਿੱਚ ਪੰਜਾਬ ਸਰਕਾਰ ਵਲੋਂ ਦੇਰੀ ਕਰਨ ਦਾ ਲਾਇਆ ਇਲਜ਼ਾਮ।

- ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਿਵੀਜ਼ਨ ਨੇ ਮਾਈਨਿੰਗ ਵਿਭਾਗ ਦੀ ਫਰਜ਼ੀ ਵੈੱਬਸਾਈਟ ਬਣਾਂਨ ਵਾਲੇ ਮੁੱਖ ਦੋਸ਼ੀ ਨੂੰ ਕੀਤਾ ਗ੍ਰਿਫ਼ਤਾਰ।
- ਭਾਰਤ ਦੀ ਕ੍ਰਿਸ਼ਨਾ ਜੈਸ਼ੰਕਰ 2025 ਮਾਉਂਟੇਨ ਵੈਸਟ ਇੰਡੋਰ ਟਰੈਕ ਐਂਡ ਫੀਲਡ ਚੈਂਪੀਅਨਸ਼ਿਪ ਵਿੱਚ ਨਵਾਂ ਰਿਕਾਰਡ ਬਣਾਉਣ ਵਾਲੀ ਪਹਿਲੀ ਭਾਰਤੀ ਮਹਿਲਾ ਬਣੀ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਜੰਗਲੀ ਜੀਵ ਸੰਭਾਲ ਦਿਵਸ 'ਤੇ ਗੁਜਰਾਤ ਦੇ ਜੂਨਾਗੜ੍ਹ ਜ਼ਿਲ੍ਹੇ ਦੇ ਸਾਸਨ ਗਿਰ ਵਿਖੇ ਰਾਸ਼ਟਰੀ ਜੰਗਲੀ ਜੀਵ ਬੋਰਡ ਦੀ 7ਵੀਂ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿੱਚ ਵਾਤਾਵਰਣ ਮੰਤਰੀ ਭੁਪੇਂਦਰ ਯਾਦਵ, ਵੱਖ-ਵੱਖ ਸੂਬਿਆਂ ਦੇ ਮੈਂਬਰ, ਇਸ ਖੇਤਰ ਵਿੱਚ ਕੰਮ ਕਰ ਰਹੇ ਗੈਰ ਸਰਕਾਰੀ ਸੰਗਠਨਾਂ ਦੇ ਨੁਮਾਇੰਦੇ, ਮੁੱਖ ਜੰਗਲੀ ਜੀਵ ਵਾਰਡਨ ਅਤੇ ਸਕੱਤਰ ਸ਼ਾਮਲ ਹੋਏ। ਬੋਰਡ ਦੀ ਮੀਟਿੰਗ ਵਿੱਚ ਜੰਗਲੀ ਜੀਵ ਸੁਰੱਖਿਆ ਅਤੇ ਪ੍ਰਬੰਧਨ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ ਗਈ। ਬੋਰਡ ਜੰਗਲੀ ਜੀਵਾਂ

ਅਤੇ ਜੰਗਲਾਂ ਦੀ ਸੰਭਾਲ ਅਤੇ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਕੰਮ ਕਰਦਾ ਏ ਅਤੇ ਇਸ ਦੀ ਪ੍ਰਧਾਨਗੀ, ਪ੍ਰਧਾਨ ਮੰਤਰੀ ਕਰਦੇ ਨੇ । ਮੀਟਿੰਗ ਦੌਰਾਨ, ਪ੍ਰਧਾਨ ਮੰਤਰੀ ਨੇ ਜੂਨਾਗੜ੍ਹ ਵਿੱਚ ਜੰਗਲੀ ਜੀਵਾਂ ਲਈ ਰਾਸ਼ਟਰੀ ਰੈਫਰਲ ਕੇਂਦਰ ਦਾ ਵਰਚੁਅਲੀ ਨੀਂਹ ਪੱਥਰ ਰੱਖਿਆ ਅਤੇ 16ਵੀਂ ਏਸ਼ੀਆਈ ਸ਼ੇਰ ਜਨਗਣਨਾ 2025 ਦੀ ਸ਼ੁਰੂਆਤ ਵੀ ਕੀਤੀ।

----------------------------------------------------------------

ਅੱਜ ਜੰਗਲੀ ਜੀਵ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਹਾੜਾ ਬੂਟਿਆਂ ਅਤੇ ਜਾਨਵਰਾਂ ਦੀ ਸੁਰੱਖਿਆ ਲਈ ਮਨਾਇਆ ਜਾਂਦਾ ਏ । ਕੇਂਦਰ ਸਰਕਾਰ ਨੇ ਦੇਸ਼ ਵਿੱਚ ਜੰਗਲੀ ਜੀਵਾਂ ਦੀ ਸੰਭਾਲ ਲਈ ਕਈ ਪਹਿਲਕਦਮੀਆਂ ਕੀਤੀਆਂ ਨੇ । ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਨੇ, ਇਸ ਕੁਦਰਤੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਦੇ ਉਦੇਸ਼ ਨਾਲ ਕਈ ਨੀਤੀਆਂ, ਵਿਧਾਨਕ ਉਪਾਵਾਂ ਅਤੇ ਪਹਿਲਕਦਮੀਆਂ ਦਾ ਇੱਕ ਵਿਆਪਕ ਢਾਂਚਾ ਤਿਆਰ ਕੀਤਾ ਏ । ਭਾਰਤ ਵਿਸ਼ਵ ਪੱਧਰ 'ਤੇ ਆਪਣੇ ਅਮੀਰ ਅਤੇ ਵੱਖ ਵੱਖ ਜੰਗਲੀ ਜੀਵਾਂ ਲਈ

ਜਾਣਿਆ ਜਾਂਦਾ ਏ, ਜਿਸ ਵਿੱਚ ਵਾਤਾਵਰਣ ਪ੍ਰਣਾਲੀਆਂ ਅਤੇ ਪ੍ਰਜਾਤੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਸ਼ਾਮਲ ਏ। ਇਸ ਵਿੱਚ 106 ਰਾਸ਼ਟਰੀ ਪਾਰਕ, 573 ਜੰਗਲੀ ਜੀਵ ਰੱਖ ਅਤੇ 115 ਸੁਰੱਖਿਆ ਭੰਡਾਰ ਸਮੇਤ ਇੱਕ ਹਜ਼ਾਰ ਤੋਂ ਵੱਧ ਸੁਰੱਖਿਅਤ ਖੇਤਰਾਂ ਦਾ ਇੱਕ ਵਿਸ਼ਾਲ ਸਮੂਹ ਸ਼ਾਮਲ ਏ। ਲੋਕਾਂ ਨੂੰ 'ਇਕ ਪੇੜ ਮਾਂ ਦੇ ਨਾਮ' ਮੁਹਿੰਮਤਹਿਤ ਬੂਟੇ ਲਗਾਉਣ ਲਈ ਉਤਸ਼ਾਹਿਤ ਕੀਤਾ ਗਿਆ ਅਤੇ ਪਿਛਲੇ ਸਾਲ ਦਸੰਬਰ ਤੱਕ 102 ਕਰੋੜ ਤੋਂ ਵੱਧ ਰੁੱਖ ਲਗਾਏ ਜਾ ਚੁੱਕੇ ਨੇ।

---------------------------------------------------------------

ਕੇਂਦਰੀ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਡੇਅਰੀ ਖੇਤਰ, ਦੇਸ਼ ਦੇ ਵਿਕਾਸ ਦੇ ਨਾਲ-ਨਾਲ ਪੇਂਡੂ ਵਿਕਾਸ ਅਤੇ ਛੋਟੇ ਕਿਸਾਨਾਂ ਦੀ ਖੁਸ਼ਹਾਲੀ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦਾ ਏ। ਨਵੀਂ ਦਿੱਲੀ ਵਿੱਚ ਡੇਅਰੀ ਸੈਕਟਰ ਬਾਰੇ ਇਕ ਵਰਕਸ਼ਾਪ ਦਾ ਉਦਘਾਟਨ ਕਰਦੇ ਹੋਏ ਸਹਿਕਾਰਤਾ ਮੰਤਰੀ ਨੇ ਕਿਹਾ ਕਿ ਡੇਅਰੀ ਸੈਕਟਰ ਦੇਸ਼ ਦੇ ਪੋਸ਼ਣ ਦਾ ਵੀ ਧਿਆਨ ਰੱਖਦਾ ਏ।

**BYTE:**

-------------------------------------------

ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ ਏ ਕਿ ਸਰਕਾਰ ਨੇ, ਦੇਸ਼ ਵਿੱਚ ਔਰਤਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਕਾਇਮ ਰੱਖਣ ਲਈ, ਭਾਰਤੀ ਕਾਨੂੰਨਾਂ ਵਿੱਚ ਸੋਧ ਕੀਤੀ ਏ । ਉਨ੍ਹਾਂ ਕਿਹਾ ਕਿ ਸਰਕਾਰ ਆਰਟੀਫਿਸ਼ਲ ਇੰਟੈਲੀਜੈਂਸ ਨਾਲ ਜੁੜੇ  ਅਪਰਾਧਾਂ ਨੂੰ ਰੋਕਣ ਲਈ ਕਈ ਵੱਡੇ ਕਦਮ ਚੁੱਕ ਰਹੀ ਏ। ਸ਼੍ਰੀ ਮੇਘਵਾਲ ਨੇ ਇਹ ਗੱਲ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ ਔਰਤਾਂ ਬਾਰੇ ਸਾਈਬਰ ਕਾਨੂੰਨ ਅਤੇ ਸਾਈਬਰ ਜਾਗਰੂਕਤਾ ਪ੍ਰੋਗਰਾਮ ਬਾਰੇ ਇੱਕ ਵਰਕਸ਼ਾਪ ਨੂੰ ਸੰਬੋਧਨ ਕਰਦੇ ਹੋਏ ਕਹੀ। ਇਸ ਵਰਕਸ਼ਾਪ ਦਾ ਉਦੇਸ਼, ਔਰਤਾਂ ਲਈ ਸਾਈਬਰ ਕਾਨੂੰਨਾਂ ਨਾਲ ਸਬੰਧਤ ਪ੍ਰਮੁੱਖ ਸੁਧਾਰਾਂ 'ਤੇ ਚਰਚਾ ਕਰਨਾ ਏ।

ਸਮਾਗਮ ਵਿੱਚ ਮੌਜੂਦ ਰਾਸ਼ਟਰੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵਿਜਯਾ ਰਹਾਟਕਰ ਨੇ ਕਿਹਾ ਕਿ ਕਾਨੂੰਨੀ ਸੁਰੱਖਿਆ ਦੀ ਘਾਟ ਕਾਰਨ ਔਰਤਾਂ ਸਾਈਬਰ ਅਪਰਾਧਾਂ ਦਾ ਸ਼ਿਕਾਰ ਹੋ ਰਹੀਆਂ ਨੇ । ਉਨ੍ਹਾਂ ਦੱਸਿਆ ਕਿ ਕਮਿਸ਼ਨ ਨੇ ਹੁਣ ਤੱਕ ਆਪਣੇ ਛੇ ਖੇਤਰੀ ਸਲਾਹ-ਮਸ਼ਵਰੇ

ਰਾਹੀਂ ਸਾਰੇ ਸਾਈਬਰ ਕਾਨੂੰਨਾਂ ਦੀ ਵਿਆਪਕ ਸਮੀਖਿਆ ਕੀਤੀ ਏ। ਸਰਕਾਰੀ ਵਿਭਾਗਾਂ, ਗ਼ੈਰ-ਸਰਕਾਰੀ ਸੰਗਠਨਾਂ ਅਤੇ ਵਿਦਿਅਕ ਸੰਸਥਾਵਾਂ ਸਮੇਤ ਬਹੁਤ ਸਾਰੇ ਹਿੱਸੇਦਾਰ ਵਰਕਸ਼ਾਪ ਵਿੱਚ ਹਿੱਸਾ ਲੈ ਰਹੇ ਨੇ।

---------------------------------------------------------

ਕੇਂਦਰੀ ਰੇਲਵੇ ਅਤੇ ਖੁਰਾਕ ਪ੍ਰੋਸੈਸਿੰਗ ਉਦਯੋਗ ਰਾਜ ਮੰਤਰੀ ਰਵਨੀਤ ਸਿੰਘ ਨੇ ਦੋਰਾਹਾ-ਸਾਹਨੇਵਾਲ ਮੇਨ ਲਾਈਨ ਲੈਵਲ ਕਰਾਸਿੰਗ ਨੰਬਰ 164ਏ/ਬੀ ਵਿਖੇ, ਮਹੱਤਵਪੂਰਨ ਰੇਲਵੇ ਓਵਰ-ਬ੍ਰਿਜ ਦੀ ਉਸਾਰੀ ਵਿੱਚ ਪੰਜਾਬ ਸਰਕਾਰ ਵਲੋਂ ਦੇਰੀ ਕਰਨ ਦਾ ਇਲਜ਼ਾਮ ਲਾਇਆ ਏ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਆਉਣ ਵਾਲੇ ਦਿਨਾਂ ਵਿੱਚ ਇਸ ਆਰ.ਓ.ਬੀ. ਬਾਰੇ ਕੋਈ ਠੋਸ ਕਦਮ ਨਹੀਂ ਚੁੱਕਦੀ ਏ , ਤਾਂ ਉਹ ਇੱਕ ਜਨ ਅੰਦੋਲਨ ਸ਼ੁਰੂ ਕਰਨ ਲਈ ਮਜਬੂਰ ਹੋਣਗੇ। ਓਹਨਾਂ ਕਲ ਇਸ ਤਜਵੀਜ਼ਸ਼ੁਦਾ ਰੇਲਵੇ ਓਵਰਬ੍ਰਿਜ ਵਾਲੀ ਥਾਂ ਦਾ ਦੌਰਾ ਕੀਤਾ ਅਤੇ ਸੜਕ 'ਤੇ ਆਉਣ-ਜਾਣ ਵਾਲਿਆਂ ਨੂੰ ਆ ਰਹੀਆਂ ਸਮੱਸਿਆਵਾਂ ਸੁਣੀਆਂ। ਓਹਨਾ ਕਿਹਾ ਕਿ ਇਹ ਰੇਲਵੇ ਓਵਰ-ਬ੍ਰਿਜ

ਕੇਂਦਰ ਸਰਕਾਰ ਵਲੋਂ 100 ਫੀਸਦੀ ਲਾਗਤ ਨਾਲ ਬਣਾਇਆ ਜਾਣਾ ਏ। ਪਰ ਪੰਜਾਬ ਸਰਕਾਰ ਇਸ ਲਯੀ 'ਕੋਈ ਇਤਰਾਜ਼ ਨਹੀਂ' NOC ਸਰਟੀਫਿਕੇਟ ਨਹੀਂ ਦੇ ਰਹੀ ਏ।

---------------------------------------------------------------

ਪੰਜਾਬ ਪੁਲਿਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਨੇ, ਸੂਬਾ ਸਰਕਾਰ ਦੇ ਮਾਈਨਿੰਗ ਵਿਭਾਗ ਦੀ ਅਧਿਕਾਰਤ ਵੈੱਬਸਾਈਟ ਦੀ ਤਰਜ਼ ’ਤੇ ਫਰਜ਼ੀ ਵੈੱਬਸਾਈਟ ਬਣਾ ਕੇ ਜਾਅਲੀ ਰਸੀਦਾਂ, ਫਾਰਮ ਤਿਆਰ ਕਰਕੇ ਗੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਵਿੱਚ ਸ਼ਾਮਲ ਵਾਹਨਾਂ ਨੂੰ ਸੁਖਾਲੀ ਆਵਾਜਾਈ ਦੀ ਸਹੂਲਤ ਦੇਣ ਵਾਲੇ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਹ ਜਾਣਕਾਰੀ ਦੀਦਿਆਂ ਦਸਿਆ ਕਿ ਦੋਸ਼ੀ ਦੀ ਪਛਾਣ ਖਰੜ ਦੇ ਰਹਿਣ ਵਾਲੇ ਗੌਰਵ ਕੁਮਾਰ ਵਜੋਂ ਹੋਈ ਏ ਜੋ ਮਾਈਨਿੰਗ ਵਿਭਾਗ ਦੀ ਅਸਲ ਅਧਿਕਾਰਤ ਵੈੱਬਸਾਈਟ ਦੀ ਤਰਜ਼ ’ਤੇ ਇਸ ਨਾਲ ਮਿਲਦੀ-ਜੁਲਦੀ ਵੈੱਬਸਾਈਟ ਬਣਾ ਕੇ, ਗ਼ੈਰ-ਕਾਨੂੰਨੀ ਖਣਨ ਗਤਿਵਿਧੀਆਂ ਕਰਨ ਵਾਲਿਆਂ ਨੂੰ ਸਹੂਲਤ ਦਿੰਦਾ ਸੀ। ਜ਼ਿਕਰਯੋਗ ਏ ਕਿ ਦੋਸ਼ੀ ਨੇ ਪਿਛਲੇ

ਸਾਲ ਨਵੰਬਰ ਵਿੱਚ ਇੱਕ ਫਰਜ਼ੀ ਵੈੱਬਸਾਈਟ ਬਣਾਈ ਸੀ, ਜੋ ਇਸ ਜਨਵਰੀ ਤੱਕ ਕਾਰਜਸ਼ੀਲ ਰਹੀ। ਡੀ.ਜੀ.ਪੀ ਗੌਰਵ ਯਾਦਵ ਨੇ ਕਿਹਾ ਕਿ ਇਹ ਦੋਸ਼ੀ ਫ਼ਰਜ਼ੀ ਮਾਈਨਿੰਗ ਰਸੀਦਾਂ ਰਾਹੀਂ ਸਰਕਾਰ ਦੇ ਖਜ਼ਾਨੇ. ਨੂੰ ਲਗਭਗ 40 ਤੋਂ 50 ਲੱਖ ਰੁਪਏ ਦਾ ਖੋਰਾ ਲੱਗਾ ਚੁਕਿਆ ਏ। ਸਾਈਬਰ ਕ੍ਰਾਈਮ ਡਿਵੀਜ਼ਨ, ਦੇ ADGP ਵੀ. ਨੀਰਜਾ ਨੇ ਦੱਸਿਆ ਕਿ ਮਾਈਨਿੰਗ ਵਿਭਾਗ ਦੇ ਮੁੱਖ ਇੰਜੀਨੀਅਰ ਦੀ ਸ਼ਿਕਾਇਤ ਤੇ ਇਹ ਕਰਵਾਈ ਕੀਤੀ ਗਈ ਏ।

--------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਵਿਭਾਗ ਵੱਲੋਂ ਸੂਬੇ ਦੀਆਂ ਲੋੜਵੰਦ ਮਹਿਲਾਵਾਂ ਨੂੰ ਤੁਰੰਤ ਅਤੇ ਐਮਰਜੈਂਸੀ ਸਹਾਇਤਾ ਪ੍ਰਦਾਨ ਕਰਨ ਲਈ ਸ਼ੁਰੂ ਕੀਤੀ ਗਈ ਮਹਿਲਾ ਹੈਲਪਲਾਈਨ 181 ਯੋਜਨਾ ਵਰਦਾਨ ਸਾਬਿਤ ਹੋ ਰਹੀ ਏ। ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਲੋੜਵੰਦ ਮਹਿਲਾਵਾਂ ਨੂੰ ਤੁਰੰਤ ਅਤੇ ਐਮਰਜੈਂਸੀ ਸਹਾਇਤਾ ਪ੍ਰਦਾਨ ਕਰਨ ਲਈ ਮਹਿਲਾ

ਹੈਲਪਲਾਈਨ 181 ਯੋਜਨਾ ਇੱਕ ਬਿਹਤਰੀਨ ਉਪਰਾਲਾ ਏ  ਜਿਸ ਦਾ ਉਦੇਸ਼ ਹਿੰਸਾ ਤੋਂ ਪ੍ਰਭਾਵਿਤ ਮਹਿਲਾਵਾਂ ਨੂੰ 24 ਘੰਟੇ ਤੁਰੰਤ ਅਤੇ ਐਮਰਜੈਂਸੀ ਸਹਾਇਤਾ ਪ੍ਰਦਾਨ ਕਰਨਾ ਏ। ਉਨ੍ਹਾਂ ਦੱਸਿਆ ਕਿ ਕੋਈ ਵੀ ਜਰੂਰਤਮੰਦ ਮਹਿਲਾ ਜਿਸ ਨਾਲ ਕਿਸੇ ਵੀ ਤਰਾਂ ਦੀ ਕੋਈ ਹਿੰਸਾ ਜਾ ਧੱਕਾ ਹੋ ਰਿਹਾ ਹੈ ਹੋਵੇ, ਉਹ ਮਹਿਲਾ ਹੈਲਪਲਾਈਨ 181 'ਤੇ ਫੋਨ ਕਰਕੇ ਮਦਦ ਮੰਗ ਸਕਦੀ ਹੈ। ਓਹਨਾਂ ਦੱਸਿਆ ਦੱਸਿਆ ਕਿ ਮਹਿਲਾ ਹੈਲਪਲਾਈਨ 'ਤੇ ਲਗਭਗ 150 ਫੋਨ ਜ਼ਰੂਰਤਮੰਦ ਮਹਿਲਾਵਾਂ ਵੱਲੋਂ ਹਰ ਰੋਜ਼ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਹਰ ਮਹੀਨੇ ਲਗਭਗ 4 ਤੋਂ 5 ਹਜਾਰ ਲੋੜਵੰਦ ਔਰਤਾਂ ਨੂੰ ਮਹਿਲਾ ਹੈਲਪਲਾਈਨ ਰਾਹੀਂ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਏ।

---------------------------------------------------------------

ਜਲੰਧਰ ਜ਼ਿਲਾ ਬੈਡਮਿੰਟਨ ਐਸੋਸੀਏਸ਼ਨ ਨੇ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ ਚਾਰ ਮਲਟੀਪਰਪਜ਼ ਬੈਡਮਿੰਟਨ ਕੋਰਟ ਅਤੇ 200 ਮੀਟਰ ਰਨਿੰਗ ਟ੍ਰੈਕ ਦੇ ਨਿਰਮਾਣ ਦਾ ਐਲਾਨ ਕੀਤਾ। ਇਹ ਫੈਸਲਾ ਐਸੋਸੀਏਸ਼ਨ ਦੀ ਅੰਤਰਿਮ ਕਮੇਟੀ ਦੀ ਹਾਲ ਹੀ ਵਿੱਚ ਹੋਈ

ਮੀਟਿੰਗ ਵਿੱਚ ਲਿਆ ਗਿਆ। ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਦੱਸਿਆ ਕਿ ਐਸੋਸੀਏਸ਼ਨ ਨੂੰ ਸਟੇਡੀਅਮ ਵਿੱਚ ਖੇਡਣ ਲਈ ਖਿਡਾਰੀਆਂ ਵੱਲੋਂ ਲਗਾਤਾਰ ਅਰਜ਼ੀਆਂ ਮਿਲ ਰਹੀਆਂ ਸਨ। ਇਸ ਚੁਣੌਤੀ ਨੂੰ ਦੇਖਦੇ ਹੋਏ, ਐਸੋਸੀਏਸ਼ਨ ਦੇ ਪ੍ਰਧਾਨ ਡਿਪਟੀ ਕਮਿਸ਼ਨਰ , ਡਾ. ਹਿਮਾਂਸ਼ੂ ਅਗਰਵਾਲ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ, ਕਮੇਟੀ ਨੇ ਸਟੇਡੀਅਮ ਦੇ ਬੁਨਿਆਦੀ ਢਾਂਚੇ ਨੂੰ ਵਧਾਉਣ ਦਾ ਫੈਸਲਾ ਲਿਆ। ਖੰਨਾ ਨੇ ਦੱਸਿਆ ਕਿ ਸੰਬੰਧਤ ਨਿਰਮਾਣ ਕਾਰਜ ਅਪ੍ਰੈਲ ਵਿੱਚ ਸ਼ੁਰੂ ਕਰ ਦਿੱਤਾ ਜਾਵੇਗਾ ।

---------------------------------------------------------------

ਸਥਾਨਕ ਕਾਰੋਬਾਰਾਂ ਨੂੰ ਵਿੱਤੀ ਰਾਹਤ ਪ੍ਰਦਾਨ ਕਰਦੇ ਹੋਏ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ ਤਹਿਤ 3 ਕਰੋੜ 79 ਲਖ ਰੁਪਏ ਤੋਂ ਵੱਧ ਦੇ ਪੰਜ ਇੰਸੈਂਟਿਵ ਮਾਮਲਿਆਂ ਨੂੰ ਪ੍ਰਵਾਨਗੀ ਦਿੱਤੀ ਗਈ। ਇਹ ਫੈਸਲਾ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਲਿਆ ਗਿਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਦਯੋਗਿਕ ਨੁਮਾਇੰਦਿਆਂ ਦੀ

ਸਹੂਲਤ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਰ ਮੰਗਲਵਾਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਮੌਜੂਦ ਰਹਿਣਗੇ ਤਾਂ ਜੋ ਉਨ੍ਹਾਂ ਦੇ ਮੁੱਦਿਆਂ ਦਾ ਜਲਦ ਤੋਂ ਜਲਦ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਨੇ ਵੱਖ-ਵੱਖ ਉਦਯੋਗਾਂ ਦੇ ਨੁਮਾਇੰਦਿਆਂ ਨੂੰ ਆਪਣੇ ਮੁੱਦਿਆਂ ਦੇ ਜਲਦ ਹੱਲ ਲਈ ਸੰਬੰਧਤ ਅਧਿਕਾਰੀਆਂ ਪਹੁੰਚ ਕਰਨ ਦੀ ਅਪੀਲ ਕੀਤੀ। ਡਾ. ਅਗਰਵਾਲ ਨੇ ਅਧਿਕਾਰੀਆਂ ਨੂੰ ਵਿਆਪਕ ਪ੍ਰਾਜੈਕਟ ਰਿਪੋਰਟ ਤਿਆਰ ਕਰਨ ਤੋਂ ਪਹਿਲਾਂ ਉਦਯੋਗਿਕ ਐਸੋਸੀਏਸ਼ਨਾਂ ਨੂੰ ਇਸ ਵਿੱਚ ਸ਼ਾਮਲ ਕਰਨ ਦੀ ਹਦਾਇਤ ਕੀਤੀ। ਪਿਛਲੇ ਦਿਨੀ ਹੋਈ ਗੜ੍ਹੇਮਾਰੀ, ਮੀਂਹ ਅਤੇ ਹਨੇਰੀ ਕਾਰਨ ਫਸਲਾਂ ਦੇ ਹੋਏ ਨੁਕਸਾਨ ਦਾ ਨਿਰੀਖਣ ਕਰਨ ਲਈ ਪਟਿਆਲਾ ਦੇ ਹਲਕਾ ਘਨੌਰ ਵਿਧਾਇਕ ਗੁਰਲਾਲ ਘਨੌਰ ਨੇ ਸਬੰਧਤ ਵਿਭਾਗ ਅਧਿਕਾਰੀਆਂ ਨਾਲ ਗੜੇਮਾਰੀ ਨਾਲ ਨੁਕਸਾਨੀ ਕਣਕ ਦੀ ਫਸਲ, ਸਰੋਂ ਦੀ ਫਸਲ ਅਤੇ ਹਰੇ ਚਾਰੇ ਦੀਆਂ ਫ਼ਸਲਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਫ਼ਸਲਾਂ ਦੇ ਹੋਏ ਨੁਕਸਾਨ ਦਾ ਗਿਰਦਾਵਰੀ ਕਰਵਾ ਕੇ ਜਲਦੀ ਉਚਿਤ ਮੁਆਵਜ਼ਾ ਦਿੱਤਾ ਜਾਵੇਗਾ।

---

ਪੰਜਾਬ ਵਿਚ ਅੱਜ ਸਵੇਰੇ ਰੁਕ ਰੁਕ ਕੇ ਮੀਹਂ ਪਿਆ। ਮੌਸਮ ਵਿਭਾਗ ਨੇ ਸੂਬੇ ’ਚ ਮੀਂਹ ਪੈਣ ਸਬੰਧੀ ਔਰੇਂਜ ਅਲਰਟ ਜਾਰੀ ਕੀਤਾ ਏ। ਮੀਂਹ ਦੇ ਨਾਲ-ਨਾਲ ਤੇਜ਼ ਹਵਾਵਾਂ ਵਗਣ ਅਤੇ ਗੜੇ ਪੈਣ ਦੀ ਵੀ ਸੰਭਾਵਨਾ ਏ।ਮੌਸਮ ਵਿਭਾਗ ਮੁਤਾਬਕ ਅੱਜ ਪੰਜਾਬ ਦੇ 4 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਸੰਗਰੂਰ ਵਿਚ ਮੀਂਹ ਪੈਣ ਬਾਰੇ ਅਨੁਮਾਨ ਲਾਇਆ ਏ ਜਦਕਿ ਅੰਮ੍ਰਿਤਸਰ, ਤਰਨਤਾਰਨ, ਜਲੰਧਰ, ਕਪੂਰਥਲਾ, ਲੁਧਿਆਣਾ, ਨਵਾਂਸ਼ ਹਿਰ, ਐਸ.ਏ.ਐਸ.ਨਗਰ, ਫ਼ਤਿਹਗੜ੍ਹ ਸਾਹਿਬ ਅਤੇ ਪਟਿਆਲਾ ਵਿਚ ਮੀਂਹ ਪੈਣ ਸਬੰਧੀ ਯੈਲੋ ਅਲਰਟ ਜਾਰੀ ਕੀਤਾ ਗਿਆ ਏ।

---

ਵਿਸ਼ਵ ਸੁਣਨ ਸ਼ਕਤੀ ਦਿਵਸ ਮੌਕੇ ਮੁਹਾਲੀ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਜਾਗਰੂਕਤਾ ਸਮਾਗਮ ਕੀਤੇ ਗਏ, ਜਿਸ ਦੌਰਾਨ ਲੋਕਾਂ ਨੂੰ ਕੰਨਾਂ ਦੀ ਸਾਂਭ-ਸੰਭਾਲ ਲਈ ਮਾਹਰ ਡਾਕਟਰਾਂ ਨੇ ਜਾਣਕਾਰੀ ਦਿਤੀ। ਸਿਵਲ ਹਸਪਤਾਲ ਵਿਚ ਹੋਏ ਜ਼ਿਲ੍ਹਾ

ਪੱਧਰੀ ਜਾਗਰੂਕਤਾ ਸਮਾਗਮ ਨੂੰ ਸੰਬੋਧਨ ਕਰਦਿਆਂ ਮੁਹਾਲੀ ਦੀ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਕਿਹਾ ਕਿ ਕੰਨ ਸਾਡੇ ਸਰੀਰ ਦਾ ਬਹੁਤ ਅਹਿਮ ਅੰਗ ਨੇ ਜਿਨ੍ਹਾਂ ਦੀ ਦੇਖਭਾਲ ਬਹੁਤ ਜ਼ਰੂਰੀ ਹੁੰਦੀ ਏ। ਡਾ. ਜੈਨ ਨੇ ਕਿਹਾ ਕਿ ਬੋਲੇਪਣ ਦੀ ਸਮੱਸਿਆ ਦੇ ਜ਼ਿਆਦਾਤਰ ਕਾਰਨ ਇਲਾਜਯੋਗ ਨੇ , ਇਸ ਲਈ ਹਰ ਕਿਸੇ ਨੂੰ ਸਮੇਂ ਸਿਰ ਕੰਨਾਂ ਦੀ ਜਾਂਚ ਕਰਵਾਉਣੀ ਚਾਹੀਦੀ ਏ। ਸਾਵਧਾਨੀ ਨਾ ਵਰਤਣ ਕਾਰਨ ਬਹੁਤ ਸਾਰੇ ਲੋਕ ਬੋਲੇਪਣ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਹੋਰਨਾਂ ਬੀਮਾਰੀਆਂ ਦੇ ਨਾਲ-ਨਾਲ ਕੰਨਾਂ ਦੀਆਂ ਬੀਮਾਰੀਆਂ ਦੀ ਰੋਕਥਾਮ ਲਈ ਵੀ ਵਿਸ਼ੇਸ਼ ਉਪਰਾਲੇ ਸ਼ੁਰੂ ਕੀਤੇ ਹੋਏ ਨੇ ਜਿਨ੍ਹਾਂ ਦਾ ਆਮ ਲੋਕਾਂ ਨੂੰ ਲਾਭ ਲੈਣਾ ਚਾਹੀਦਾ ਏ।

---------------------------------------------------------

ਭਾਰਤ ਦੀ ਕ੍ਰਿਸ਼ਨਾ ਜੈਸ਼ੰਕਰ 2025 ਮਾਉਂਟੇਨ ਵੈਸਟ ਇੰਡੋਰ ਟਰੈਕ ਐਂਡ ਫੀਲਡ ਚੈਂਪੀਅਨਸ਼ਿਪ ਵਿੱਚ ਨਵਾਂ ਰਿਕਾਰਡ ਬਣਾਉਣ ਵਾਲੀ ਪਹਿਲੀ ਭਾਰਤੀ ਮਹਿਲਾ ਬਣ ਗਏ ਨੇ। ਉੰਨਾਂ ਇਨਡੋਰ ਸ਼ਾਟ ਪੁੱਟ ਵਿੱਚ 16.03 ਮੀਟਰ ਦੀ ਦੂਰੀ ਤੱਕ ਗੋਲਾ ਸੁੱਟਿਆ।

---------------------------------------------------

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਜੰਗਲੀ ਜੀਵ ਸੰਭਾਲ ਦਿਵਸ 'ਤੇ ਗੁਜਰਾਤ ਦੇ ਜੂਨਾਗੜ੍ਹ  ਜ਼ਿਲ੍ਹੇ ਦੇ ਸਾਸਨ ਗਿਰ ਵਿਖੇ ਰਾਸ਼ਟਰੀ ਜੰਗਲੀ ਜੀਵ ਬੋਰਡ ਦੀ 7ਵੀਂ ਮੀਟਿੰਗ ਦੀ ਪ੍ਰਧਾਨਗੀ ਕੀਤੀ।
- ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ - ਸਰਕਾਰ ਨੇ, ਦੇਸ਼ ਵਿੱਚ ਔਰਤਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਕਾਇਮ ਰੱਖਣ ਲਈ, ਭਾਰਤੀ ਕਾਨੂੰਨਾਂ ਵਿੱਚ ਸੋਧ ਕੀਤੀ ਏ।
- ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਨੇ ਦੋਰਾਹਾ-ਸਾਹਨੇਵਾਲ ਮੇਨ ਲਾਈਨ ਰੇਲਵੇ ਓਵਰ-ਬ੍ਰਿਜ ਦੀ ਉਸਾਰੀ ਵਿੱਚ ਪੰਜਾਬ ਸਰਕਾਰ ਵਲੋਂ ਦੇਰੀ ਕਰਨ ਦਾ ਲਾਇਆ ਇਲਜ਼ਾਮ।
- ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਿਵੀਜ਼ਨ ਨੇ ਮਾਈਨਿੰਗ ਵਿਭਾਗ ਦੀ ਫਰਜ਼ੀ ਵੈੱਬਸਾਈਟ ਬਣਾਂਨ  ਵਾਲੇ ਮੁੱਖ ਦੋਸ਼ੀ ਨੂੰ ਕੀਤਾ ਗ੍ਰਿਫ਼ਤਾਰ।

- ਭਾਰਤ ਦੀ ਕ੍ਰਿਸ਼ਨਾ ਜੈਸ਼ੰਕਰ 2025 ਮਾਉਂਟੇਨ ਵੈਸਟ ਇੰਡੋਰ ਟਰੈਕ ਐਂਡ ਫੀਲਡ ਚੈਂਪੀਅਨਸ਼ਿਪ ਵਿੱਚ ਨਵਾਂ ਰਿਕਾਰਡ ਬਣਾਉਣ ਵਾਲੀ ਪਹਿਲੀ ਭਾਰਤੀ ਮਹਿਲਾ ਬਣੀ ।